## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ ਸਿ), ਪੰਜਾਬ।

ਹੁਕਮ ਨੰ: (6989) 15/1048-2014 ਅ2(2) ਕੋ:ਸੈ:(3)
ਮਿਤੀ, ਐਸ.ਏ.ਐਸ.ਨਗਰ : 24-12-2014

ਸ਼੍ਰੀ ਦਿਲਬਾਗ ਸਿੰਘ, ਸ.ਸ. ਮਾਸਟਰ, ਸ.ਹ.ਸ. ਅਗੰਮਪੁਰ, ਜ਼ਿਲ੍ਹਾ ਰੂਪਨਗਰ ਵਿਖੇ ਤੈਨਾਤ ਹਨ, ਦੀ ਰਿਟਾਇਰਮੈਂਟ ਮਿਤੀ 31-12-14 ਨੂੰ ਹੈ/ਸੀ। ਪੰਜਾਬ ਸਰਕਾਰ ਦੇ ਪੱਤਰ ਨੰ: 22/2/2012-3 ਐਫ.ਪੀ. 2/475-480 ਮਿਤੀ 8-10-2012 ਦੇ ਸੰਨਮੁੱਖ ਕਰਮਚਾਰੀ/ਕਰਮਚਾਰਨ ਦੀ ਮੰਗ ਅਨੁਸਾਰ ਉਸਦੇ ਸੇਵਾਕਾਲ ਵਿਚ ਮਿਤੀ 01.01.2015 ਤੋਂ ਮਿਤੀ 31.12.2015 ਤੱਕ ਇਕ ਸਾਲ ਦਾ ਵਾਧਾ ਹੇਠ ਲਿਖੀਆਂ ਸ਼ਰਤਾਂ ਤਹਿਤ ਕੀਤਾ ਜਾਦਾ ਹੈ:-

1) ਵਧੇ ਹੋਏ ਸੇਵਾਕਾਲ ਦੌਰਾਨ ਸਬੰਧਤ ਕਰਮਚਾਰੀ ਦੀ ਤਨਖਾਹ ਆਦਿ ਲਈ, ਸਰਕਾਰ ਦੀ ਨੋਟੀਫਿਕੇਸਨ ਨੰ: 22/2/2012-3 ਐਫ.ਪੀ.2/475-80 ਮਿਤੀ 8-10-12 ਅਨੁਸਾਰ ਪੰਜਾਬ ਸਿਵਲ ਸਰਵਿਸਜ (ਪਹਿਲੀ ਸੋਧ) ਰੂਲਜ ਵਾਲਿਯੂਮ-1, ਪਾਰਟ-1, 2012 ਲਾਗੂ ਹੋਵੇਗੀ, ਜਿਸ ਅਨੁਸਾਰ ਰੂਲ 3.26 ਦੀ ਕਲਾਜ (ਏ) ਅਤੇ (ਬੀ) ਸੋਧੀ ਗਈ ਹੈ।

2) ਪੰਜਾਬ ਸਰਕਾਰ ਵਿੱਤ ਵਿਭਾਗ (ਵਿੱਤ ਪਰਸੋਨਲ 2 ਸ਼ਾਖਾ) ਦੇ ਪੱਤਰ ਨੰ: 22/2/2012-3 ਐਫ.ਪੀ2/159 ਮਿਤੀ 30-10-2014 ਦੇ ਹਵਾਲੇ ਵਿੱਚ ਇਸ ਕਰਮਚਾਰੀ ਵਿਰੁੱਧ ਕੋਈ ਵਿਭਾਗੀ ਕੇਸ/ਇਨਕੁਆਰੀ/ਕਰੀਮਨਲ ਕੇਸ ਜਾਂ ਵਿਜੀਲੈਂਸ ਕੇਸ ਪੈਡਿੰਗ ਹੋਣ ਦੀ ਸੂਰਤ ਵਿੱਚ ਇਹ ਵਾਧਾ ਲਾਗੂ ਨਹੀਂ ਹੋਵੇਗਾ।

3) ਵਧੇ ਹੋਏ ਸੇਵਾ ਕਾਲ ਦੌਰਾਨ ਪੱਦ ਉਨਤੀ ਦੀ ਅਸਾਮੀ ਉਪਲਬੱਧ ਹੋਣ ਦੀ ਸੂਰਤ ਵਿਚ ਸਬੰਧਤ ਕਰਮਚਾਰੀ ਨਿਯਮਾਂ ਅਨੁਸਾਰ ਅਜਿਹੀ ਅਸਾਮੀ ਦੇ ਵਿਰੁੱਧ ਪੱਦ ਉਨਤੀ ਲਈ ਵਿਚਾਰੇ ਜਾਣ ਦਾ ਪਾਤਰ ਹੋਵੇਗਾ ਅਤੇ ਪੱਦ ਉਨਤ ਹੋਣ ਦੀ ਸੂਰਤ ਵਿਚ ਉਸਦੀ ਤਨਖਾਹ ਸਬੰਧਤ ਨਿਯਮਾਂ ਅਨੁਸਾਰ ਪੱਦ ਉਨਤੀ ਦਾ ਲਾਭ ਦਿੰਦੇ ਹੋਏ, ਨਿਸ਼ਚਿਤ ਕੀਤੀ ਜਾਵੇਗੀ।

4) ਸਬੰਧਤ ਕਰਮਚਾਰੀ ਨੂੰ ਸੇਵਾ ਨਵਿਰਤੀ ਉਪਰੰਤ ਮਿਲਣ ਯੋਗ ਸਾਰੇ ਪੈਨਸ਼ਨਰੀ ਲਾਭ ਉਸਦੇ ਸੇਵਾਕਾਲ ਵਿਚ ਕੀਤੇ ਵਾਧੇ ਦੀ ਸਮਾਪਤੀ ਹੋਣ ਉਪਰੰਤ ਹੀ ਮਿਲਣ ਯੋਗ ਹੋਣਗੇ।

5) ਇਕ ਵਾਰ ਦਿੱਤੀ ਆਪਸ਼ਨ ਅੰਤਿਮ ਮੰਨੀ ਜਾਵੇਗੀ ਅਤੇ ਇਸ ਵਿਚ ਕੋਈ ਤਬਦੀਲੀ ਕਰਨ ਦੀ ਆਗਿਆ ਨਹੀਂ ਹੋਵੇਗੀ।

6) ਜੇਕਰ ਕਰਮਚਾਰੀ ਦੀ ਪੈਨਸ਼ਨ ਮਹਾਂਲੇਖਾਕਾਰ ਪੰਜਾਬ ਤੋਂ ਪ੍ਰਵਾਨਗੀ ਉਪਰੰਤ ਆਪ ਦੇ ਅਧੀਨ ਦਫਤਰ ਵਿਖੇ ਪ੍ਰਾਪਤ ਹੋ ਗਈ ਹੋਵੇ ਤਾਂ ਪੈਨਸ਼ਨਰੀ ਲਾਭਾਂ ਦੀ ਅਦਾਇਗੀ ਤੁਰੰਤ ਰੋਕ ਦਿੱਤੀ ਜਾਵੇ।

7) ਕਰਮਚਾਰੀ ਉਕਤ ਦੱਸੀਆਂ ਹਦਾਇਤਾਂ ਅਤੇ ਸਰਕਾਰ ਵਲੋਂ ਸਮੇਂ-ਸਮੇਂ ਤੇ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਦਾ ਪਾਬੰਦ ਹੋਵੇਗਾ/ਹੋਵੇਗੀ।

8) ਜੇਕਰ ਕਿਸੇ ਵੇਲੇ ਵੀ ਕੋਈ ਤੱਥ ਗਲਤ ਪਾਇਆ ਗਿਆ ਤਾਂ ਇਸ ਦੀ ਨਿਰੋਲ ਜਿੰਮੇਵਾਰੀ ਸਬੰਧਤ ਜ਼ਿਲ੍ਹਾ ਸਿਖਿਆ ਅਫਸਰ (ਸੈ:ਸਿ:) ਅਤੇ ਸਕੂਲ ਮੁੱਖੀ ਦੀ ਹੋਵੇਗੀ।

ਡਾ. ਕਮਲ ਕੁਮਾਰ
ਡਾਇਰੈਕਟਰ ਸਿਖਿਆ ਵਿਭਾਗ (ਸੈ.ਸਿ.) ਪੰਜਾਬ।

ਪਿੱਠ ਅੰਕਣ ਨੰ: ਉਕਤ 2993-95 ਮਿਤੀ, ਐਸ.ਏ.ਐਸ ਨਗਰ:- 29/12/2014

ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਰੂਪਨਗਰ ਨੂੰ ਉਨਾਂ ਦੇ ਪੱਤਰ ਨੰ: ਅ-1/2014/2620 ਮਿਤੀ 14-10-14 ਦੇ ਹਵਾਲੇ ਵਿਚ।
2. ਪ੍ਰਿੰਸੀਪਲ/ਮੁੱਖ ਅਧਿਆਪਕ, ਸ.ਹ.ਸ. ਅਗੰਮਪੁਰ, ਜ਼ਿਲ੍ਹਾ ਰੂਪਨਗਰ।
3. ਸ਼੍ਰੀ ਦਿਲਬਾਗ ਸਿੰਘ, ਸ.ਸ. ਮਾਸਟਰ, ਸ.ਹ.ਸ. ਅਗੰਮਪੁਰ, ਜ਼ਿਲ੍ਹਾ ਰੂਪਨਗਰ।

26.12-14
ਸੁਪਰਡੰਟ ਕੋਆਰਡੀਨੇਸ਼ਨ ਸੈਲ